# ਅੱਜ ਦੇ ਦਿਨ (ਮਿਤੀ 28 ਦਸੰਬਰ, 2024) ਦਾ ਇਤਿਹਾਸ

# ਨਿੱਕੀਆਂ ਜ਼ਿੰਦਾਂ ਵੱਡਾ ਸਾਕਾ

## ਗੌਰਵਮਈ ਸ਼ਹੀਦੀ ਸਾਕੇ ਦਾ ਨੌਂਵਾਂ ਦਿਨ (14 ਪੋਹ 1704)

ਛੋਟੇ ਸਾਹਿਬਜ਼ਾਦਿਆਂ (ਬਾਬਾ ਜ਼ੋਰਾਵਰ ਸਿੰਘ ਜੀ ਅਤੇ ਬਾਬਾ ਫ਼ਤਿਹ ਸਿੰਘ ਜੀ) ਨੂੰ ਕਾਜ਼ੀ ਦੇ ਫ਼ਤਵੇ ਅਨੁਸਾਰ ਜਿੰਦਾ ਨੀਂਹਾਂ ਵਿੱਚ ਚਿਣ ਕੇ ਸ਼ਹੀਦ ਕਰਨ ਤੋਂ ਬਾਅਦ ਮਾਤਾ ਗੁਜਰ ਕੌਰ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀਆਂ ਮ੍ਰਿਤਕ ਦੇਹਾਂ ਨੂੰ ਇਸ ਤਰ੍ਹਾਂ ਸੁੱਟ ਦਿੱਤਾ ਗਿਆ ਤਾਂ ਕਿ ਆਮ ਲੋਕਾਂ ਵਿੱਚ ਦਹਿਸ਼ਤ ਪੈਦਾ ਕੀਤੀ ਜਾ ਸਕੇ ਅਤੇ ਕੋਈ ਜਾਨਵਰ ਆਦਿ ਇਨ੍ਹਾਂ ਨੂੰ ਖਾ ਜਾਣ।ਪਰ ਕੁਦਰਤ ਦੀ ਕਰਨੀ ਕਿ ਇੱਕ ਸ਼ੇਰ ਮਾਤਾ ਗੁਜਰ ਕੌਰ ਜੀ ਅਤੇ ਸਾਹਿਬਜ਼ਾਦਿਆਂ ਦੀਆਂ ਮ੍ਰਿਤਕ ਦੇਹਾਂ ਦੀ ਰਾਖੀ ਲਈ ਬੈਠ ਗਿਆ।

ਸਰਹਿੰਦ ਦੇ ਦੀਵਾਨ ਟੋਡਰ ਮੱਲ ਜੀ ਨੇ ਵਜ਼ੀਰ ਖਾਨ ਤੋਂ ਸਾਹਿਬ-ਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੇ ਸਰੀਰਾਂ ਦਾ ਸਸਕਾਰ ਕਰਨ ਦੀ ਇਜ਼ਾਜ਼ਤ ਮੰਗੀ ਤਾਂ ਲਾਲਚੀ ਵਜ਼ੀਰ ਖਾਨ ਨੇ ਕਿਹਾ ਕਿ ਸਸਕਾਰ ਲਈ ਜਿੰਨੀ ਜਗ੍ਹਾ ਚਾਹੀਦੀ ਹੈ, ਉਸ ਜਗ੍ਹਾ ਨੂੰ ਸੋਨੇ ਦੀਆਂ ਮੋਹਰਾਂ ਵਿਛਾ ਕੇ ਮੁੱਲ ਖਰੀਦਣਾ ਪਏਗਾ।ਦੀਵਾਨ ਟੋਡਰ ਮੱਲ ਜੀ ਨੇ ਮੋਹਰਾਂ ਲਿਆ ਕੇ ਜ਼ਮੀਨ ਉੱਤੇ ਵਿਛਾ ਦਿੱਤੀਆਂ, ਜ਼ਾਲਮ ਵਜ਼ੀਰ ਖਾਨ ਨੇ ਮੋਹਰਾਂ ਵਿਛਾ ਕੇ ਨਹੀਂ ਸਗੋਂ ਖੜ੍ਹੀਆਂ ਕਰ ਕੇ ਜ਼ਮੀਨ ਖਰੀਦਣ ਲਈ ਕਿਹਾ।

ਅੱਜ ਦੇ ਦਿਨ 14 ਪੋਹ ਸੰਮਤ 1761 ਬਿਕਰਮੀ (1704 ਈਸਵੀ) ਨੂੰ ਗੁਰੂ ਪ੍ਰੇਮ ਵਿੱਚ ਰੰਗੇ ਦੀਵਾਨ ਟੋਡਰ ਮੱਲ ਜੀ ਨੇ ਸੋਨੇ ਦੀਆਂ ਮੋਹਰਾਂ ਖੜ੍ਹੀਆਂ ਕਰਕੇ ਸਾਹਿਬਜ਼ਾਦਿਆਂ ਅਤੇ ਮਾਤਾ ਜੀ ਦੇ ਸਸਕਾਰ ਕਰਨ ਲਈ ਜ਼ਮੀਨ ਖਰੀਦ ਕੇ ਸਸਕਾਰ ਕੀਤਾ, ਇਸ ਸਥਾਨ ਤੇ ਅੱਜ ਗੁਰਦਵਾਰਾ ਸ੍ਰੀ ਜੋਤੀ ਸਰੂਪ ਸਾਹਿਬ ਸੁਸ਼ੋਭਿਤ ਹੈ। ਇਹ ਸਥਾਨ ਦੁਨੀਆ ਭਰ ਵਿੱਚ ਅੱਜ ਤੱਕ ਸਭ ਤੋਂ ਮਹਿੰਗੀ ਵਿਕੀ ਜ਼ਮੀਨ ਹੈ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਪ੍ਰਤੀ ਦੀਵਾਨ ਟੋਡਰ ਮੱਲ ਜੀ ਦਾ ਇਹ ਪਿਆਰ ਰਹਿੰਦੀ ਦੁਨੀਆ ਤੱਕ ਪ੍ਰੇਰਨਾ ਸਰੋਤ ਰਹੇਗਾ।

ਸੂਬਾ ਸਰਹਿੰਦ ਦੇ ਹੁਕਮਾਂ ਨਾਲ ਮੋਤੀ ਰਾਮ ਮਹਿਰਾ ਜੀ ਅਤੇ ਉਨ੍ਹਾਂ ਦੇ ਸਾਰੇ ਪਰਿਵਾਰ ਨੂੰ ਮਾਤਾ ਜੀ ਅਤੇ ਸਾਹਿਬਜ਼ਾਦਿਆਂ ਨੂੰ ਦੁੱਧ ਪਿਲਾਉਣ ਦਾ ਦੋਸ਼ ਲਗਾ ਕੇ ਕੋਹਲੂ ਵਿੱਚ ਪੀੜ ਦਿੱਤਾ ਗਿਆ। ਇਸੇ ਤਰ੍ਹਾਂ ਦੀਵਾਨ ਟੋਡਰ ਮੱਲ ਜੀ ਨੂੰ ਵੀ ਫਾਂਸੀ ਦੀ ਸਜ਼ਾ ਦੇ ਕੇ ਸ਼ਹੀਦ ਕਰ ਦਿੱਤਾ ਗਿਆ।

ਦੂਜੇ ਪਾਸੇ ਗੁਰੂ ਗੋਬਿੰਦ ਸਿੰਘ ਜੀ ਉੱਚ ਦਾ ਪੀਰ ਬਣਕੇ ਆਲਮਗੀਰ ਪਹੁੰਚ ਗਏ। ਗੁਰੂ ਜੀ ਨੇ ਭਾਈ ਗਨੀ ਖਾਂ ਅਤੇ ਨਬੀ ਖਾਂ ਨੂੰ ਬਖ਼ਸ਼ਸ਼ਾਂ ਨਾਲ ਨਿਵਾਜ ਕੇ ਪਲੰਘ ਸਮੇਤ ਵਾਪਸ ਭੇਜ ਦਿੱਤਾ। ਇੱਥੇ ਭਾਈ ਨਿਗਾਹੀਆ ਸਿੰਘ ਨੇ ਗੁਰੂ ਜੀ ਨੂੰ ਘੋੜਾ ਭੇਟ ਕੀਤਾ। ਆਲਮਗੀਰ ਸਾਹਿਬ ਵਿਖੇ 14, 15 ਅਤੇ 16 ਪੋਹ ਨੂੰ ਸੰਗਤਾਂ ਨੂੰ ਨਿਹਾਲ ਕਰਨ ਉਪਰੰਤ ਗੁਰੂ ਜੀ ਨੇ ਰਾਏਕੋਟ ਨੂੰ ਚਾਲੇ ਪਾ ਦਿੱਤੇ।

ਇਸ ਸਫ਼ਰ-ਏ-ਸ਼ਹਾਦਤ ਨੂੰ ਅਸੀਂ ਸਾਰੀ ਜ਼ਿੰਦਗੀ ਆਪਣੇ ਹਿਰਦੇ ਵਿੱਚ ਵਸਾ ਕੇ ਰੱਖਣਾ ਹੈ, ਸਾਹਿਬਜ਼ਾਦਿਆਂ ਅਤੇ ਸੈਂਕੜੇ ਸਿੰਘਾਂ-ਸਿੰਘਣੀਆਂ ਦੀਆਂ ਜੀਵਨੀਆਂ ਤੋਂ ਸੇਧ ਲੈ ਕੇ ਸਚਿਆਰ ਮਨੁੱਖ ਵਜੋਂ ਵਿਕਸਿਤ ਹੋਣਾ ਹੈ।

ਆਓ ਪ੍ਰਣ ਕਰੀਏ ਕਿ ਅਸੀਂ ਸਾਰੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ, ਹਜ਼ਾਰਾਂ ਸਿੱਖਾਂ ਅਤੇ ਸ਼ਰਧਾਲੂਆਂ ਦੇ ਪਾਏ ਪੂਰਨਿਆਂ ਤੇ ਚੱਲ ਕੇ ਜ਼ੁਲਮ ਦਾ ਨਾਸ਼ ਕਰਨ ਲਈ ਗੁਰੂ ਚਰਨਾਂ ਵਿੱਚ ਆਪਾ ਸਮਰਪਣ ਕਰਕੇ ਕਾਰਜਸ਼ੀਲ ਹੋਵਾਂਗੇ। ਅੱਜ ਦੇ ਇਤਿਹਾਸ ਨੂੰ ਦਰਸਾਉਂਦਾ ਵੀਡੀਓ **ਆਤਮ ਪਰਗਾਸ ਫੇਸਬੁੱਕ ਪੇਜ** ਤੇ ਦੇਖੋ ਜੀ।

**ਚਲਦਾ...**

ਆਤਮ ਪਰਗਾਸ ਵੱਲੋਂ 'ਸਚਿਆਰ ਮਨੁੱਖਾਂ' ਦੀ ਘਾੜਤ ਘੜਨ ਲਈ ਰੋਜ਼ਾਨਾ ਵਿਸ਼ੇਸ਼ ਉਤਸ਼ਾਹਮਈ ਸਬਕ ਸਾਂਝੇ ਕੀਤੇ ਜਾਂਦੇ ਹਨ। ਵਿਦਿਆਰਥੀਆਂ ਨੂੰ ਸਮੇਂ ਦੀ ਸੁਚੱਜੀ ਵਰਤੋਂ ਸਿਖਾਉਣ ਲਈ ਨਵੇਕਲੀ ਸਮਾਂ-ਸਾਰਨੀ ਅਮਲ ਵਿੱਚ ਲਿਆਉਣ ਦੇ ਨਾਲ-ਨਾਲ ਉਨ੍ਹਾਂ ਦੇ ਸਰਬਪੱਖੀ ਵਿਕਾਸ ਲਈ ਵਿਦਵਾਨਾਂ ਦੀ ਉਚੇਚੀ ਟੀਮ ਸੇਵਾਵਾਂ ਪ੍ਰਦਾਨ ਕਰਦੀ ਹੈ। ਇਨ੍ਹਾਂ ਸੇਵਾਵਾਂ ਦਾ ਲਾਹਾ ਲੈਣ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ਜੀ।

**ਆਤਮ ਪਰਗਾਸ ਸਮਾਜ ਭਲਾਈ ਸਭਾ**

99, ਪ੍ਰੀਤ ਵਿਹਾਰ, ਸ਼ਹੀਦ ਕਰਤਾਰ ਸਿੰਘ ਸਰਾਭਾ ਮਾਰਗ, ਲੁਧਿਆਣਾ-142022

+91 82880-10531 / 32 www.atampargas.org

Like Facebook Page Subscribe YouTube Channel